Tape/CD: 1340

# ਪੰਨਾ ੪੯੬

ਗੂਜਰੀ ਮਹਲਾ ੫ ॥ ਜਿਸੁ ਸਿਮਰਤ ਸਭਿ ਕਿਲਵਿਖ ਨਾਸਹਿ ਪਿਤਰੀ ਹੋਇ ਉਧਾਰੋ ॥ ਸੋ ਹਰਿ ਹਰਿ ਤੁਮ੍ ਸਦ ਹੀ ਜਾਪਹੁ ਜਾ ਕਾ ਅੰਤੁ ਨ ਪਾਰੋ ॥ ੧ ॥ ਪੂਤਾ ਮਾਤਾ ਕੀ ਆਸੀਸ ॥ ਨਿਮਖ ਨ ਬਿਸਰਉ ਤੁਮ੍ ਕਉ ਹਰਿ ਹਰਿ ਸਦਾ ਭਜਹੁ ਜਗਦੀਸ ॥ ੧ ॥ ਰਹਾਉ ॥ ਸਤਿਗੁਰੁ ਤੁਮ੍ ਕਉ ਹੋਇ ਦਇਆਲਾ ਸੰਤਸੰਗਿ ਤੇਰੀ ਪ੍ਰੀਤਿ ॥ ਕਾਪੜੁ ਪਤਿ ਪਰਮੇਸਰੁ ਰਾਖੀ ਭੋਜਨੁ ਕੀਰਤਨੁ ਨੀਤਿ ॥ ੨ ॥ ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ ॥ ਰੰਗ ਤਮਾਸਾ ਪੂਰਨ ਆਸਾ ਕਬਹਿ ਨ ਬਿਆਪੈ ਚਿੰਤਾ ॥ ੩ ॥ ਭਵਰੁ ਤੁਮ੍ਾਰਾ ਇਹੁ ਮਨੁ ਹੋਵਉ ਹਰਿ ਚਰਣਾ ਹੋਹੁ ਕਉਲਾ ॥ ਨਾਨਕ ਦਾਸੁ ਉਨਿ ਸੰਗਿ ਲਪਟਾਇਓ ਜਿਉ ਬੂੰਦਹਿ ਚਾਤ੍ਰਿਕੁ ਮਉਲਾ ॥ ੪ ॥ ੩ ॥ ੪ ॥

Tape/CD: 1340

# ਪੰਨਾ ੧੦੩

ਮਾਝ ਮਹਲਾ ੫ ॥ ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ ॥ ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ ॥ ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ ॥ ੧ ॥ ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ ॥ ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ ॥ ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ ॥ ੨ ॥ ਜੀਅ ਜੰਤ ਸਭਿ ਤੁਧੁ ਉਪਾਏ ॥ ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥ ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥ ੩ ॥ ਨਾਮੁ ਧਿਆਇ ਮਹਾ ਸੁਖੁ ਪਾਇਆ ॥ ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ ॥ ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ ॥ ੪ ॥ ੨੪ ॥ ੩੧ ॥